ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ।

ਐਟ ਪੰ.ਸ.ਸਿੱ.ਬੋਰਡ ਕੰਪਲੈਕਸ, ਫੇਜ਼-VIII, ਐਸ.ਏ.ਐਸ. ਨਗਰ।

(ਕੋਆਰਡੀਨੇਸ਼ਨ ਸ਼ਾਖਾ)

(email. dpise.coordination@punjabeducation.gov.in)

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।
2. ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ. 460836/DPISE/12/2020/Co/2024417884-789

ਮਿਤੀ: 13-02-2024

ਵਿਸ਼ਾ:- ਤਰਸ ਦੇ ਆਧਾਰ ਤੇ ਨਿਯੁਕਤ ਹੋਣ ਵਾਲੀਆਂ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਨੂੰ ਟਾਈਪ ਟੈਸਟ ਪਾਸ ਕਰਨ ਤੋਂ ਛੋਟ ਦੇਣ ਸਬੰਧੀ।

ਹਵਾਲ:- ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ (ਪੀ.ਪੀ.2 ਸ਼ਾਖਾ) ਦਾ ਪੱਤਰ ਨੰ. 12/23/2023-1ਪੀਪੀ2/43 ਮਿਤੀ 30.01.2024..

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

12.02.24

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱ.ਅੰ. ਨੰ. ਉਕਤ/202441790-795 ਮਿਤੀ: 13-02-2024

ਉਤਾਰਾ ਹੇਠ ਲਿਖਿਆਂ ਨੂੰ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।
2. ਸਮੂਹ ਅਧਿਕਾਰੀ /ਸ਼ਾਖਾ ਮੁਖੀ, ਦਫਤਰ ਐਸ.ਸੀ.ਈ.ਆਰ.ਟੀ. ਪੰਜਾਬ।
3. ਸਮੂਹ ਅਧਿਕਾਰੀ /ਸ਼ਾਖਾ ਮੁਖੀ, DoSE (S & E), ਪੰਜਾਬ।
4. ਸਮੂਹ ਅਧਿਕਾਰੀ /ਸ਼ਾਖਾ ਮੁਖੀ, ਦਫਤਰ ਡੀ.ਜੀ.ਐਸ.ਈ. ਪੰਜਾਬ।
5. ਸਹਾਇਕ ਡਾਇਰੈਕਟਰ (ਭਰਤੀ ਡਾਇਰੈਕਟੋਰੇਟ)

12.02.24

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਨੰ: 12/23/2023-1ਪੀਪੀ2/43

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪੀ.ਪੀ.-2 ਸਾਖਾ)

ਮਿਤੀ:ਚੰਡੀਗੜ੍ਹ: 30|1|24

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ,
ਡਵੀਜਨਾਂ ਦੇ ਕਮਿਸ਼ਨਰ, ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਅਤੇ
ਉਪ ਮੰਡਲ ਅਫਸਰ( ਸਿਵਲ), ਪੰਜਾਬ ਰਾਜ।

ਵਿਸ਼ਾ:- ਤਰਸ ਦੇ ਆਧਾਰ ਤੇ ਨਿਯੁਕਤ ਹੋਣ ਵਾਲੀਆਂ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਨੂੰ ਟਾਈਪ ਟੈਸਟ ਪਾਸ ਕਰਨ ਤੋਂ ਛੋਟ ਦੇਣ ਸਬੰਧੀ।

******

ਸ੍ਰੀਮਾਨ ਜੀ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਤੇ ਮੈਨੂੰ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਤਰਸ ਦੇ ਆਧਾਰ ਤੇ ਨਿਯੁਕਤ ਹੋਣ ਵਾਲੇ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਨੂੰ ਪਹਿਲਾ ਹੀ ਤਰਸ ਦੇ ਆਧਾਰ ਤੇ ਨਿਯੁਕਤ ਹੋਣ ਲਈ 50 ਸਾਲ ਦੀ ਉਮਰ ਤੱਕ ਛੋਟ ਦਿੱਤੀ ਹੋਈ ਹੈ ਜਿਸ ਕਾਰਨ ਕਈ ਵਾਰ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਨੂੰ ਆਪਣੀ ਵਿਦਿਅਕ ਯੋਗਤਾ ਦੇ ਆਧਾਰ ਤੇ ਮਜਬੂਰੀ ਵਸ਼ ਕਾਫੀ ਲੇਟ ਸਟੇਜ ਤੇ ਗਰੁੱਪ-ਸੀ ( ਕਲਰਕ) ਦੀ ਨੌਕਰੀ ਕਰਨੀ ਪੈਂਦੀ ਹੈ । ਉਨ੍ਹਾਂ ਨੂੰ ਇਸ ਸਟੇਜ ਤੇ ਜਾ ਕੇ ਨਿਰਧਾਰਤ ਸਪੀਡ ਤੇ ਟਾਈਪ ਟੈਸਟ ਪਾਸ ਕਰਨ ਵਿੱਚ ਕਾਫੀ ਦਿੱਕਤ ਪੇਸ਼ ਆਉਂਦੀ ਹੈ ਜਿਸ ਕਾਰਨ ਉਨ੍ਹਾਂ ਨੂੰ ਮਾਨਸਿਕ ਅਤੇ ਵਿੱਤੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਦੇ ਇਨ੍ਹਾਂ ਤਰਸਯੋਗ ਹਾਲਾਤਾਂ ਨੂੰ ਵੇਖਦੇ ਹੋਏ ਤਰਸ ਦੇ ਆਧਾਰ ਤੇ ਨਿਯੁਕਤ ਹੋਣ ਵਾਲੇ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਨੂੰ ਟਾਈਪ ਟੈਸਟ ਪਾਸ ਕਰਨ ਤੋਂ ਛੋਟ ਦਿੱਤੀ ਜਾਂਦੀ ਹੈ।

2. ਇਹ ਹਦਾਇਤਾਂ ਪੱਤਰ ਜਾਰੀ ਹੋਣ ਦੀ ਮਿਤੀ ਤੋਂ ਲਾਗੂ ਹੋਣਗੀਆਂ।

3. ਇਹ ਪੱਤਰ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।



Generated from eOffice by LAKHWINDER SINGH, SA(LS)-COORDINATION-DPISE, SENIOR ASSISTANT-COORDINATION-DPISE, DEPT-DPISE on 12/02/2024 02:24 pm

4. ਇਹ ਹਦਾਇਤਾਂ ਸਾਰੇ ਸਬੰਧਤ ਅਧਿਕਾਰੀਆਂ/ ਕਰਮਚਾਰੀਆਂ ਦੇ ਧਿਆਨ ਵਿੱਚ ਲਿਆ ਦਿੱਤੀਆਂ ਜਾਣ ਜੀ।

ਵਿਸ਼ਵਾਸਪਾਤਰ

ਸੁਪਰਡੰਟ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ ਮੁੱਖ ਸਕੱਤਰ, ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾਂ ਅਤੇ ਅਗਲੇਰੀ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਸੇਵਾ ਵਿਖੇ

ਸਮੂਹ ਵਿਸ਼ੇਸ ਮੁੱਖ ਸਕੱਤਰ,
ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ ,ਪੰਜਾਬ ਰਾਜ।

ਅੰ:ਵਿ:ਨੰ: 12/23/2023-1ਪੀਪੀ2/ 44 ਮਿਤੀ:ਚੰਡੀਗੜ੍ਹ: 30/11/24